# ਭਾਸ਼ਾ ਵਿਭਾਗ, ਪੰਜਾਬ

## ਡਾ. ਸੁਰਜੀਤ ਪਾਤਰ ਯੁਵਾ ਸਾਹਿਤ ਪੁਰਸਕਾਰ

ਭਾਸ਼ਾ ਵਿਭਾਗ ਪੰਜਾਬ ਵੱਲੋਂ 01 ਜਨਵਰੀ, 2024 ਤੋਂ 31 ਦਸੰਬਰ, 2024 ਤੱਕ ਛਪੀਆਂ ਪੰਜਾਬੀ ਭਾਸ਼ਾ ਦੀਆਂ ਪੁਸਤਕਾਂ ਦੀ ਡਾ. ਸੁਰਜੀਤ ਪਾਤਰ ਯੁਵਾ ਸਾਹਿਤ ਪੁਰਸਕਾਰ ਲਈ ਮੰਗ ਕੀਤੀ ਜਾਂਦੀ ਹੈ। ਇਸ ਲਈ ਚਾਰ ਪੁਸਤਕਾਂ ਬਿਨੈਪੱਤਰ ਸਮੇਤ ਦਸਤੀ ਜਾਂ ਡਾਕ ਰਾਹੀਂ ਵਿਭਾਗ ਦੇ ਮੁੱਖ ਦਫ਼ਤਰ, ਭਾਸ਼ਾ ਭਵਨ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ 30 ਅਪ੍ਰੈਲ, 2025 ਤੱਕ ਜਮ੍ਹਾ ਕਰਵਾਈਆਂ ਜਾ ਸਕਦੀਆਂ ਹਨ। ਪੁਰਸਕਾਰ ਵਿਚ ਇਕ ਲੱਖ ਰੁਪਏ ਨਕਦ, ਇਕ ਸਨਮਾਨ ਚਿੰਨ੍ਹ, ਸਾਲ ਆਦਿ ਦਿੱਤਾ ਜਾਵੇਗਾ।

ਨਿਯਮ : (ੳ) ਇਹ ਪੁਰਸਕਾਰ ਮੁਕਾਬਲੇ ਦੇ ਆਧਾਰ 'ਤੇ ਦਿੱਤਾ ਜਾਵੇਗਾ। (ਅ) ਮੁਕਾਬਲੇ ਵਿਚ ਭਾਗ ਲੈਣ ਲਈ ਕੇਵਲ ਉਹ ਪੁਸਤਕ ਹੀ ਸ਼ਾਮਲ ਕੀਤੀ ਜਾ ਸਕੇ ਜੋ ਸਾਲ 2024 ਦੌਰਾਨ ਪ੍ਰਕਾਸ਼ਿਤ ਹੋਈ ਹੋਵੇ। (ੲ) ਕਿਸੇ ਵੀ ਵਿਧਾ ਦੀ ਪੰਜਾਬੀ ਦੀ ਪੁਸਤਕ ਲਿਖਣ ਵਾਲਾ ਵਿਦਿਆਰਥੀ ਇਸ ਪੁਰਸਕਾਰ ਲਈ ਦਾਅਵੇਦਾਰ ਹੋ ਸਕਦਾ ਹੈ। (ਸ) ਵਿਦਿਆਰਥੀ ਦੁਨੀਆ ਦੇ ਕਿਸੇ ਵੀ ਕੋਨੇ ਵਿਚ ਰਹਿੰਦਾ ਅਤੇ ਪੜ੍ਹਦਾ ਹੋ ਸਕਦਾ ਹੈ। (ਹ) ਕਿਸੇ ਵੀ ਸਕੂਲ/ਕਾਲਜ/ਯੂਨੀਵਰਸਿਟੀ ਦਾ ਵਿਦਿਆਰਥੀ ਜਿਸ ਦੀ ਉਮਰ 25 ਸਾਲ ਤੋਂ ਘੱਟ ਹੋਵੇ, ਆਪਣੀ ਐਂਟਰੀ ਭੇਜੇਗਾ। (ਕ) ਸਕੂਲ/ਕਾਲਜ ਦਾ ਪ੍ਰਿੰਸੀਪਲ/ਯੂਨੀਵਰਸਿਟੀ ਦੇ ਵਿਭਾਗ ਦਾ ਮੁਖੀ ਵਿਦਿਆਰਥੀ ਦੀ ਪੁਸਤਕ ਦੀ ਮੌਲਿਕਤਾ ਸਬੰਧੀ ਸਰਟੀਫਿਕੇਟ ਦੇਵੇਗਾ। (ਖ) ਭਾਸ਼ਾ ਵਿਭਾਗ ਯਕੀਨੀ ਬਣਾਏਗਾ ਕਿ ਅਜਿਹੀਆਂ ਪੁਸਤਕਾਂ ਨੂੰ ਮੁਕਾਬਲੇ ਵਿਚ ਸ਼ਾਮਲ ਨਾ ਕੀਤਾ ਜਾਵੇ ਜਿਸ ਵਿਚ ਕੋਈ ਇਤਰਾਜ਼ਯੋਗ ਸਮੱਗਰੀ ਹੋਵੇ।

ਨੋਟ : ਪੁਰਸਕਾਰ ਲਈ ਬਿਨੈ-ਪੱਤਰ ਦਾ ਪ੍ਰੋਫਾਰਮਾ ਵਿਭਾਗ ਦੀ ਵੈੱਬਸਾਈਟ www.bhashavibhagpunjab.org ਤੋਂ ਪ੍ਰਾਪਤ ਕੀਤਾ ਸਕਦਾ ਹੈ।

DPR/NA/12/28616/2023/42438 ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ

C.M.K.

ਜੱਗ ਬਾਣੀ 12.3.2025

ਪੰਨਾ ਨੰ. 06